ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : pwdmohali@gmail.com Tel. & Fax No. 0172-2226328

ਵੱਲ;

Principal,
Gurukul World School,
Sector 69, Mohali.

ਨੰ: 8954 ਮਿਤੀ: 05-10-2020

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਆਪ ਦੇ ਸਕੂਲ ਦਾ ਪੱਤਰ ਨੰ: ਨਿੱਲ ਮਿਤੀ.04.09.2020

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋਂ ਇੰਸਪੈਕਸ਼ਨ ਫੀਸ ਰੁ: 15,000/- ਜੀ. ਆਰ. ਨੰ: 3903116 ਮਿਤੀ 21.09.2020 ਰਾਹੀਂ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2021 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ।

1 ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।

2 ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ, ਐਸ. ਏ. ਐਸ. ਨਗਰ ਵਲੋਂ ਉਨ੍ਹਾਂ ਦੇ ਨੰ: NOC No. 1504-16276-Fire/11968 ਮਿਤੀ 08.01.2020 ਦੁਆਰਾ ਜਾਰੀ ਕੀਤਾ ਗਿਆ ਹੈ। ਇਸ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਬੰਧਤ ਦਫਤਰ ਵੱਲੋਂ ਰੀਨਿਊ ਕਰਵਾ ਕੇ ਫਾਇਰ ਸੇਫਟੀ ਸਰਟੀਫਿਕੇਟ 09-01-2021 ਤੋਂ 31.03.2021) ਤੱਕ ਦਾ ਇਸ ਦਫਤਰ ਵਿੱਚ ਜਮ੍ਹਾਂ ਕਰਵਾਇਆ ਜਾਵੇ।ਜੇਕਰ ਇਸ ਸਮੇਂ ਦਾ ਫਾਇਰ ਸਰਟੀਫਿਕੇਟ ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ:08.01.2021 ਤੱਕ ਹੀ ਜਾਰੀ ਕੀਤਾ ਸਮਝਿਆ ਜਾਵੇ। ਫਾਇਰ ਸਰਟੀਫਿਕੇਟ ਜਾਰੀ ਕਰਨ ਸਮੇਂ ਕੀਤੀਆਂ ਹਿਦਾਇਤਾਂ ਅਨੁਸਾਰ ਅੱਗ ਬੁਝਾਉ ਯੰਤਰ ਤਸੱਲੀਬਖਸ ਹੋਣੇ ਚਾਹੀਦੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ:ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 321 ਮਿਤੀ 25.09.2020 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।